ਭੈਰਉ ਮਹਲਾ ੫ ॥ ਲਾਜ ਮਰੈ ਜੋ ਨਾਮੁ ਨ ਲੇਵੈ ॥ ਨਾਮ ਬਿਹੂਨ ਸੁਖੀ ਕਿਉ ਸੋਵੈ ॥ ਹਰਿ ਸਿਮਰਨੁ ਛਾਡਿ ਪਰਮ ਗਤਿ ਚਾਹੈ ॥ ਮੂਲ ਬਿਨਾ ਸਾਖਾ ਕਤ ਆਹੈ ॥੧॥ ਗੁਰੁ ਗੋਵਿੰਦੁ ਮੇਰੇ ਮਨ ਧਿਆਇ ॥ ਜਨਮ ਜਨਮ ਕੀ ਮੈਲੁ ਉਤਾਰੈ ਬੰਧਨ ਕਾਟਿ ਹਰਿ ਸੰਗਿ ਮਿਲਾਇ ॥੧॥ ਰਹਾਉ ॥ ਤੀਰਥਿ ਨਾਇ ਕਹਾ ਸੁਚਿ ਸੈਲੁ ॥ ਮਨ ਕਉ ਵਿਆਪੈ ਹਉਮੈ ਮੈਲੁ ॥ ਕੋਟਿ ਕਰਮ ਬੰਧਨ ਕਾ ਮੂਲੁ ॥ ਹਰਿ ਕੇ ਭਜਨ ਬਿਨੁ ਬਿਰਥਾ ਪੂਲੁ ॥੨॥ ਬਿਨੁ ਖਾਏ ਬੂਝੈ ਨਹੀ ਭੂਖ ॥ ਰੋਗੁ ਜਾਇ ਤਾਂ ਉਤਰਹਿ ਦੂਖ ॥ ਕਾਮ ਕ੍ਰੋਧ ਲੋਭ ਮੋਹਿ ਬਿਆਪਿਆ ॥ ਜਿਨਿ ਪ੍ਰਭਿ ਕੀਨਾ ਸੋ ਪ੍ਰਭੁ ਨਹੀ ਜਾਪਿਆ ॥੩॥ ਧਨੁ ਧਨੁ ਸਾਧ ਧੰਨੁ ਹਰਿ ਨਾਉ ॥ ਆਠ ਪਹਰ ਕੀਰਤਨੁ ਗੁਣ ਗਾਉ ॥ ਧਨੁ ਹਰਿ ਭਗਤਿ ਧਨੁ ਕਰਣੈਹਾਰ ॥ ਸਰਣਿ ਨਾਨਕ ਪ੍ਰਭ ਪੁਰਖ ਅਪਾਰ ॥੪॥੩੨॥੪੫॥ {ਪੰਨਾ 1149}

5ਦ ਅਰਥ:- ਲਾਜ ਮਰੈ—ਸ਼ਰਮ ਨਾਲ ਮਰ ਜਾਂਦਾ ਹੈ, ਸ਼ਰਮ ਨਾਲ ਹੌਲੇ ਜੀਵਨ ਵਾਲਾ ਹੋ ਜਾਂਦਾ ਹੈ। ਕਿਉ ਸੋਵੈ—ਕਿਵੇਂ ਸੌਂ ਸਕਦਾ ਹੈ? ਨਹੀਂ ਸੌਂ ਸਕਦਾ। ਛਾਡਿ—ਛੱਡ ਕੇ। ਪਰਮ ਗਤਿ—ਸਭ ਤੋਂ ਉੱਚੀ ਆਤਮਕ ਅਵਸਥਾ। ਮੂਲ—(ਰੁੱਖ ਦਾ) ਮੁੱਢ। ਸਾਖਾ—ਟਹਣੀ। ਕਤ—ਕਿੱਥੇ? ਆਹੈ—ਹੈ, ਹੋ ਸਕਦੀ ਹੈ।1।

ਮਨ—ਹੇ ਮਨ! ਧਿਆਇ—ਸਿਮਰਿਆ ਕਰ। ਉਤਾਰੈ—ਦੂਰ ਕਰ ਦੇਂਦਾ ਹੈ। ਬੰਧਨ—ਮਾਇਆ ਦੇ ਮੋਹ ਦੀਆਂ ਫਾਹੀਆਂ। ਸੰਗਿ—ਨਾਲ। ਮਿਲਾਇ—ਜੋੜ ਦੇਂਦਾ ਹੈ।1। ਰਹਾਉ।

ਤੀਰਥਿ—ਤੀਰਥ ਉੱਤੇ। ਨਾਇ—ਨ੍ਹਾਇ, ਨ੍ਹਾ ਕੇ। ਸੁਚਿ—ਪਵਿੱਤ੍ਰਤਾ। ਸੈਲੁ—ਪੱਥਰ, ਪੱਥਰ-ਦਿਲ ਮਨੁੱਖ। ਵਿਆਪੈ—ਜ਼ੋਰ ਪਾਈ ਰੱਖਦੀ ਹੈ। ਕੋਟਿ ਕਰਮ—ਕ੍ਰੋੜਾਂ (ਮਿਥੇ ਹੋਏ ਧਾਰਮਿਕ) ਕੰਮ। ਮੂਲੁ—ਕਾਰਨ, ਵਸੀਲਾ। ਪੂਲੁ—(ਕਰਮਾਂ ਦਾ) ਪੂਲਾ, ਪੰਡ।2।

ਬੂਝੈ ਨਹੀ—ਨਹੀਂ ਬੁੱਝਦੀ। ਜਾਇ—ਜੇ ਦੂਰ ਹੋ ਜਾਏ। ਉਤਰਹਿ—ਲਹਿ ਜਾਂਦੇ ਹਨ {ਬਹੁ-ਵਚਨ}। ਮੋਹਿ—ਮੋਹ ਵਿਚ। ਬਿਆਪਿਆ—ਫਸਿਆ ਹੋਇਆ। ਜਿਨਿ ਪ੍ਰਭਿ—ਜਿਸ ਪ੍ਰਭੂ ਨੇ।3।

ਧਨੁ ਧਨੁ—ਭਾਗਾਂ ਵਾਲੇ। ਗੁਣ ਗਾਉ—ਗੁਣਾਂ ਦਾ ਗਾਇਨ (ਕਰਦੇ ਹਨ)। ਧਨੁ—ਸਰਮਾਇਆ।4।

ਅਰਥ:- ਹੇ ਮੇਰੇ ਮਨ! ਗੁਰੂ ਨੂੰ ਗੋਵਿੰਦ ਨੂੰ (ਸਦਾ) ਸਿਮਰਿਆ ਕਰ। (ਏਹ ਸਿਮਰਨ) ਅਨੇਕਾਂ ਜਨਮਾਂ ਦੀ (ਵਿਕਾਰਾਂ ਦੀ) ਮੈਲ ਦੂਰ ਕਰ ਦੇਂਦਾ ਹੈ, ਮਾਇਆ ਦੇ ਮੋਹ ਦੀਆਂ ਫਾਹੀਆਂ ਕੱਟ ਕੇ (ਮਨੁੱਖ ਨੂੰ)

ਪਰਮਾਤਮਾ ਦੇ ਨਾਲ ਜੋੜ ਦੇਂਦਾ ਹੈ।1। ਰਹਾਉ।

ਹੇ ਭਾਈ! ਜਿਹੜਾ ਮਨੁੱਖ ਪਰਮਾਤਮਾ ਦਾ ਨਾਮ ਨਹੀਂ ਸਿਮਰਦਾ, ਉਹ ਆਪਣੇ ਆਪ ਵਿਚ ਸ਼ਰਮ ਨਾਲ ਹੌਲਾ ਪੈ ਜਾਂਦਾ ਹੈ। ਪਰਮਾਤਮਾ ਦਾ ਨਾਮ ਸਿਮਰਨ ਤੋਂ ਬਿਨਾ ਮਨੁੱਖ ਸੁਖ ਦੀ ਨੀਂਦ ਨਹੀਂ ਸੌਂ ਸਕਦਾ। (ਜਿਹੜਾ ਮਨੁੱਖ) ਹਰਿ-ਨਾਮ ਦਾ ਸਿਮਰਨ ਛੱਡ ਕੇ ਸਭ ਤੋਂ ਉੱਚੀ ਆਤਮਕ ਅਵਸਥਾ (ਹਾਸਲ ਕਰਨੀ) ਚਾਹੁੰਦਾ ਹੈ (ਉਸ ਦੀ ਇਹ ਤਾਂਘ ਵਿਅਰਥ ਹੈ, ਜਿਵੇਂ ਰੁੱਖ ਦੇ) ਮੁੱਢ ਤੋਂ ਬਿਨਾ (ਉਸ ਉਤੇ) ਕੋਈ ਟਹਣੀ ਨਹੀਂ ਉੱਗ ਸਕਦੀ।1।

ਹੇ ਭਾਈ! ਪੱਥਰ (ਪੱਥਰ-ਦਿਲ ਮਨੁੱਖ) ਤੀਰਥ ਉੱਤੇ ਇਸ਼ਨਾਨ ਕਰ ਕੇ (ਆਤਮਕ) ਪਵਿੱਤ੍ਰਤਾ ਹਾਸਲ ਨਹੀਂ ਕਰ ਸਕਦਾ, (ਉਸ ਦੇ) ਮਨ ਨੂੰ (ਇਹੀ) ਹਉਮੈ ਦੀ ਮੈਲ ਚੰਬੜੀ ਰਹਿੰਦੀ ਹੈ (ਕਿ ਮੈਂ ਤੀਰਥ-ਜਾਤ੍ਰਾ ਕਰ ਆਇਆ ਹਾਂ)। ਹੇ ਭਾਈ! (ਤੀਰਥ-ਜਾਤ੍ਰਾ ਆਦਿਕ ਮਿਥੇ ਹੋਏ) ਕ੍ਰੋੜਾਂ ਧਾਰਮਿਕ ਕਰਮ (ਹਉਮੈ ਦੀਆਂ) ਫਾਹੀਆਂ ਦਾ (ਹੀ) ਕਾਰਨ ਬਣਦੇ ਹਨ। ਪਰਮਾਤਮਾ ਦਾ ਨਾਮ ਸਿਮਰਨ ਤੋਂ ਬਿਨਾ (ਇਹ ਮਿਥੇ ਹੋਏ ਧਾਰਮਿਕ ਕਰਮ ਮਨੁੱਖ ਦੇ ਸਿਰ ਉੱਤੇ) ਵਿਅਰਥ ਪੰਡ ਹੀ ਹਨ।2।

ਹੇ ਭਾਈ! (ਭੋਜਨ) ਖਾਣ ਤੋਂ ਬਿਨਾ (ਪੇਟ ਦੀ) ਭੁੱਖ (ਦੀ ਅੱਗ) ਨਹੀਂ ਬੁੱਝਦੀ (ਰੋਗ ਤੋਂ ਪੈਦਾ ਹੋਏ) ਸਰੀਰਕ ਦੁੱਖ ਤਦੋਂ ਹੀ ਦੂਰ ਹੁੰਦੇ ਹਨ, ਜੇ (ਅੰਦਰੋਂ) ਰੋਗ ਦੂਰ ਹੋ ਜਾਏ। ਹੇ ਭਾਈ! ਜਿਸ ਪਰਮਾਤਮਾ ਨੇ ਪੈਦਾ ਕੀਤਾ ਹੈ ਜਿਹੜਾ ਮਨੁੱਖ ਉਸ ਦਾ ਨਾਮ ਨਹੀਂ ਜਪਦਾ, ਉਹ ਸਦਾ ਕਾਮ ਕ੍ਰੋਧ ਲੋਭ ਮੋਹ ਵਿਚ ਫਸਿਆ ਰਹਿੰਦਾ ਹੈ।3।

ਹੇ ਭਾਈ! ਉਹ ਗੁਰਮੁਖ ਮਨੁੱਖ ਭਾਗਾਂ ਵਾਲੇ ਹਨ, ਜਿਹੜੇ ਪਰਮਾਤਮਾ ਦਾ ਨਾਮ ਜਪਦੇ ਹਨ, ਜਿਹੜੇ ਅੱਠੇ ਪਹਰ ਪਰਮਾਤਮਾ ਦੀ ਸਿਫ਼ਤਿ-ਸਾਲਾਹ ਕਰਦੇ ਹਨ, ਪਰਮਾਤਮਾ ਦੇ ਗੁਣਾਂ ਦਾ ਗਾਇਨ ਕਰਦੇ ਹਨ। ਹੇ ਨਾਨਕ! ਜਿਹੜੇ ਮਨੁੱਖ ਬੇਅੰਤ ਤੇ ਸਰਬ-ਵਿਆਪਕ ਪ੍ਰਭੂ ਦੀ ਸਰਨ ਪਏ ਰਹਿੰਦੇ ਹਨ, ਉਹਨਾਂ ਦੇ ਪਾਸ ਪਰਮਾਤਮਾ ਦੀ ਭਗਤੀ ਦਾ ਧਨ ਸਿਰਜਣਹਾਰ ਦੇ ਨਾਮ ਦਾ ਧਨ (ਸਦਾ ਮੌਜੂਦ) ਹੈ।4। 32। 45।